ਅਜੀਤ, ਜਲੰਧਰ
ਲੁਧਿਆਣਾ ਅਜੀਤ
ਸੋਮਵਾਰ, 9 ਦਸੰਬਰ 2024

ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਤੋਂ ਗੁਰਬਾਣੀ ਕੀਰਤਨ

ਰੇਡੀਓ

ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਕੀਰਤਨ ਵਿਚ **9 ਦਸੰਬਰ** ਨੂੰ ਸ਼ਾਮ 4.00 ਤੋਂ 6.00 ਵਜੇ ਤੱਕ **ਭਾਈ ਸ਼ੌਕੀਨ ਸਿੰਘ** ਅਤੇ **10 ਦਸੰਬਰ** ਨੂੰ ਸਵੇਰੇ 4.00 ਤੋਂ 6.00 ਵਜੇ ਤੱਕ **ਭਾਈ ਦਵਿੰਦਰ ਸਿੰਘ** 'ਆਸਾ ਦੀ ਵਾਰ' ਦਾ ਕੀਰਤਨ ਕਰਨਗੇ।

ਪੀ. ਟੀ. ਸੀ.

ਪੀ. ਟੀ. ਸੀ. ਪੰਜਾਬੀ ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਪ੍ਰੋਗਰਾਮ ਵਿਚ 9 **ਦਸੰਬਰ** ਨੂੰ ਸ਼ਾਮ 4.30 ਤੋਂ 6.30 ਵਜੇ ਤੱਕ **ਭਾਈ ਸ਼ੌਕੀਨ ਸਿੰਘ** ਕੀਰਤਨ, ਪਾਠ 'ਰਹਿਰਾਸ ਸਾਹਿਬ' ਉਪਰੰਤ 'ਆਰਤੀ' **ਭਾਈ ਸਾਹਿਬ ਸਿੰਘ** ਤੇ **10 ਦਸੰਬਰ** ਨੂੰ ਸਵੇਰੇ 4.00 ਵਜੇ ਤੋਂ 7.45 ਵਜੇ ਤੱਕ **ਭਾਈ ਦਵਿੰਦਰ ਸਿੰਘ** ਅਤੇ **ਭਾਈ ਗੁਰਸੇਵਕ ਸਿੰਘ** ਕੀਰਤਨ ਕਰਨਗੇ।

ਐਸ. ਜੀ. ਪੀ. ਸੀ. ਵੈੱਬ ਚੈਨਲ 'ਤੇ ਸਵੇਰੇ 4.00 ਵਜੇ ਤੋਂ 8.30 ਵਜੇ ਤੱਕ, ਦੁਪਹਿਰ 12.30 ਵਜੇ ਤੋਂ 2.20 ਵਜੇ ਤੱਕ ਅਤੇ ਸ਼ਾਮ 5.30 ਵਜੇ ਤੋਂ 7.30 ਵਜੇ ਤੱਕ ਸਿੱਧਾ ਪ੍ਰਸਾਰਨ ਹੁੰਦਾ ਹੈ। ਐਸ. ਜੀ. ਪੀ. ਸੀ. ਦੇ ਮੋਬਾਈਲ ਐਪ ਤੋਂ ਅੰਮ੍ਰਿਤ ਵੇਲੇ ਤੋਂ ਸੁਖ ਆਸਨ ਤੱਕ ਦਾ ਪੂਰਾ ਸਮਾਗਮ ਸੁਣਿਆ ਜਾ ਸਕਦਾ ਹੈ।

ਮੁੱਖ ਵਾਕ ਦੀ ਕਥਾ : 9 ਦਸੰਬਰ ਨੂੰ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜਥੇਦਾਰ ਤਖ਼ਤ ਸ੍ਰੀ ਦਮਦਮਾ ਸਾਹਿਬ ਤੇ 10 ਦਸੰਬਰ ਨੂੰ ਗਿਆਨੀ ਗੁਰਲਾਲ ਸਿੰਘ ਮੀਰਾਂਕੋਟ, ਗੁ: ਮੰਜੀ ਸਾਹਿਬ ਦੀਵਾਨ ਹਾਲ, ਸ੍ਰੀ ਹਰਿਮੰਦਰ ਸਾਹਿਬ ਸਮੂਹ ਵਿਖੇ ਸਵੇਰੇ 7.45 ਵਜੇ ਤੋਂ 8.30 ਵਜੇ ਤੱਕ ਮੁੱਖ ਵਾਕ ਦੀ ਕਥਾ ਕਰਨਗੇ।

ਵਿਸ਼ਵ ਅਪੰਗਤਾ ਦਿਵਸ ਮੌਕੇ ਗੀਤ ਪੇਸ਼ ਕਰਦਾ ਹੋਇਆ ਇਕ ਕਲਾਕਾਰ। ਅਜੀਤ ਤਸਵੀਰ

ਮਾਲਵਾ ਕਾਲਜ ਨੇ ਮਨਾਇਆ ਵਿਸ਼ਵ ਅਪੰਗਤਾ ਦਿਵਸ

ਲੁਧਿਆਣਾ, 8 ਦਸੰਬਰ (ਜਸਵਿੰਦਰ ਸਿੰਘ)-ਮਾਲਵਾ ਸੈਂਟਰਲ ਕਾਲਜ ਆਫ਼ ਐਜੂਕੇਸ਼ਨ ਫ਼ਾਰ ਵੁਮੈਨ ਸਿਵਲ ਲਾਈਨਜ਼ ਲੁਧਿਆਣਾ ਦੀ ਇਕਨਾਮਿਕਸ ਸੁਸਾਇਟੀ ਨੇ ਨੇਤਰਹੀਣਾਂ ਲਈ ਸਸ਼ਕਤੀਕਰਨ ਐਸੋਸੀਏਸ਼ਨ ਦੇ ਸਹਿਯੋਗ ਨਾਲ ਵਿਸ਼ਵ ਅਪੰਗਤਾ ਦਿਵਸ ਮਨਾਇਆ। ਸਮਾਗਮ ਦਾ ਉਦੇਸ਼ ਲੋਕਾਂ ਲਈ ਜਾਗਰੂਕਤਾ, ਸ਼ਮੂਲੀਅਤ ਤੇ ਸਸ਼ਕਤੀਕਰਨ ਨੂੰ ਉਤਸ਼ਾਹਿਤ ਕਰਨਾ ਹੈ। ਅਪਾਹਜਤਾ ਪ੍ਰੋਗਰਾਮ ਸਰੀਰਕ ਤੌਰ 'ਤੇ ਅਪਾਹਜਾਂ ਨੂੰ ਆਪਣੀ ਪ੍ਰਤਿਭਾ ਨੂੰ ਉਜਾਗਰ ਕਰਨ ਦੇ ਮੌਕੇ ਪ੍ਰਦਾਨ ਕਰਦਾ ਹੈ। ਕਾਲਜ ਦੀ ਪ੍ਰਿੰਸੀਪਲ ਡਾ. ਸਤਵੰਤ ਕੌਰ ਦੀ ਅਗਵਾਈ ਹੇਠ ਸੁਸਾਇਟੀ ਦੇ ਇੰਚਾਰਜ ਡਾ. ਸੁਖਵਿੰਦਰ ਸਿੰਘ ਚੀਮਾ ਦੀ ਦੇਖ-ਰੇਖ ਹੇਠ ਕਰਵਾਏ ਸਮਾਗਮ ਨੂੰ ਨੇਪਰੇ ਚਾੜ੍ਹਨ ਲਈ ਅਰਥ ਸ਼ਾਸਤਰ ਸੁਸਾਇਟੀ ਦੇ ਮੈਂਬਰਾਂ ਨੇ ਵਲੰਟੀਅਰ ਸੇਵਾਵਾਂ ਪ੍ਰਦਾਨ ਕੀਤੀਆਂ। ਵਿਸ਼ਵ ਅਪੰਗਤਾ ਦਿਵਸ ਦਾ ਜਸ਼ਨ ਸ਼ਾਨਦਾਰ ਢੰਗ ਨਾਲ ਮਨਾਇਆ ਗਿਆ।

ਭਗਵਾਨ ਰਾਮ ਸੇਵਾ ਸੰਘ ਵਲੋਂ ਕਰਵਾਏ ਰਾਸ਼ਨ ਵੰਡ ਸਮਾਗਮ ਦਾ ਦ੍ਰਿਸ਼। ਅਜੀਤ ਤਸਵੀਰ

ਭਗਵਾਨ ਰਾਮ ਸੇਵਾ ਸੰਘ ਨੇ ਰਾਸ਼ਨ ਵੰਡ ਸਮਾਗਮ ਕਰਵਾਇਆ

ਲੁਧਿਆਣਾ, 8 ਦਸੰਬਰ (ਭੁਪਿੰਦਰ ਸਿੰਘ ਬੈਂਸ)-ਭਗਵਾਨ ਰਾਮ ਸੇਵਾ ਸੰਘ ਵਲੋਂ 167ਵਾਂ ਰਾਸ਼ਨ ਵੰਡ ਸਮਾਗਮ ਸ਼ੀਤਲਾ ਮਾਤਾ ਮੰਦਰ ਦਰੇਸੀ ਰੋਡ ਵਿਖੇ ਕਰਵਾਇਆ, ਜਿਸ 'ਚ ਮਾਂ ਭਗਵਤੀ ਕਲੱਬ ਦੇ ਪ੍ਰਧਾਨ ਅਵਿਨਾਸ਼ ਸਿੱਕਾ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ। 60 ਜ਼ਰੂਰਤਮੰਦ ਮਹਿਲਾਵਾਂ ਨੂੰ ਰਾਸ਼ਨ ਵੰਡਿਆ। ਇਸ ਮੌਕੇ ਰਾਸ਼ਨ ਵੰਡ ਸਮਾਗਮ ਤੋਂ ਪਹਿਲਾਂ ਹਵਨ ਯੱਗ ਵੀ ਕੀਤਾ ਗਿਆ। ਇਸ ਮੌਕੇ ਕਮਲ ਬੱਸੀ, ਕਿਰਨ, ਵਰਿੰਦਰ, ਦਵਿੰਦਰ, ਸੰਦੀਪ, ਅਵਿਨਾਸ਼, ਰਾਕੇਸ਼, ਵਿਨੋਦ, ਨੀਰਜ, ਸੁਰਿੰਦਰ, ਸੰਦੀਪ, ਅਮਿਤ, ਦੀਪਕ ਆਦਿ ਮੌਜੂਦ ਸਨ।

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ ਸ਼ਹੀਦੀ ਦਿਵਸ ਨੂੰ ਸਮਰਪਿਤ ਕੀਰਤਨ ਸਮਾਗਮ

ਗੁਰੂ ਤੇਗ ਬਹਾਦੁਰ ਸਾਹਿਬ ਨੇ ਸੰਗਤਾਂ ਨੂੰ ਨਿਰਭਉ ਤੇ ਨਿਰਵੈਰ ਦੇ ਸੰਕਲਪ ਨਾਲ ਜੋੜਿਆ-ਭੁਪਿੰਦਰ ਸਿੰਘ

ਲੁਧਿਆਣਾ, 8 ਦੰਸਬਰ (ਪਰਮਿੰਦਰ ਸਿੰਘ ਆਹੂਜਾ)-ਸ੍ਰੀ ਗੁਰੂ ਤੇਗ ਬਹਾਦਰ ਜੀ ਨੇ ਭਗਤੀ ਤੇ ਸ਼ਕਤੀ ਦੇ ਸੰਕਲਪ ਤੇ ਪਹਿਰਾ ਦਿੰਦਿਆਂ ਹਿੰਦੂ ਧਰਮ ਦੀ ਰੱਖਿਆ ਲਈ ਜੋ ਆਪਣੀ ਸ਼ਹਾਦਤ ਦਿੱਤੀ। ਉਹ ਸਮੁੱਚੇ ਵਿਸ਼ਵ ਦੇ ਇਤਿਹਾਸ ਵਿਚ ਕਿਧਰੇ ਵੀ ਦੇਖਣ ਨੂੰ ਨਹੀਂ ਮਿਲਦੀ। ਇਹ ਪ੍ਰਗਟਾਵਾ ਗੁਰੂ ਘਰ ਦੇ ਕੀਰਤਨੀਏ ਭਾਈ ਜਗਜੀਤ ਸਿੰਘ ਕੋਮਲ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਵਾਲਿਆਂ ਨੇ ਨਿਸ਼ਕਾਮ ਨਾਮ ਸਿਮਰਨ ਸੇਵਾ ਸੁਸਾਇਟੀ ਵਲੋਂ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਮਾਡਲ ਟਾਊਨ ਐਕਸਟੈਨਸ਼ਨ ਵਿਖੇ ਸ੍ਰੀ ਗੁਰੂ ਤੇਗ ਬਹਾਦੁਰ ਸਾਹਿਬ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਕਰਵਾਏ ਕੀਰਤਨ ਸਮਾਗਮ ਅੰਦਰ ਇਕੱਤਰ ਹੋਈਆਂ ਸੰਗਤਾਂ ਨੂੰ ਸੰਬੋਧਨ ਕਰਦਿਆਂ ਹੋਇਆ ਕੀਤਾ। ਸਮਾਗਮ ਅੰਦਰ ਜੁੜ ਬੈਠੀਆਂ ਸੰਗਤਾਂ ਨੂੰ ਸੰਬੋਧਨ ਕਰਦਿਆਂ ਹੋਇਆ ਸੁਸਾਇਟੀ ਦੇ ਮੁੱਖ ਸੇਵਾਦਾਰ ਸ. ਭੁਪਿੰਦਰ ਸਿੰਘ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀਆਂ ਸਿੱਖਿਆਵਾਂ ਤੇ ਫਲਾਸਫੀ ਸਮੁੱਚੀ ਲੋਕਾਈ ਨੂੰ ਨਿਰਭਉ ਤੇ ਨਿਰਵੈਰ ਹੋਣ ਦੀ ਪ੍ਰੇਣਾ ਦਿੰਦੀ ਹੈ। ਸਮਾਗਮ ਦੀ ਸਮਾਪਤੀ ਮੌਕੇ ਭੁਪਿੰਦਰ ਸਿੰਘ ਤੇ ਉਨ੍ਹਾਂ ਦੇ ਸਾਥੀ ਮੈਂਬਰਾਂ ਨੇ ਸਾਂਝੇ ਰੂਪ 'ਚ ਕੀਰਤਨੀ ਜਥੇ ਦੇ ਮੈਂਬਰਾਂ ਨੂੰ ਸਿਰੋਪਾਓ ਬਖਸ਼ਿਸ਼ ਕਰਕੇ ਉਨ੍ਹਾਂ ਦਾ ਧੰਨਵਾਦ ਪ੍ਰਗਟ ਕੀਤਾ। ਸਮਾਗਮ 'ਚ ਜਤਿੰਦਰਪਾਲ ਸਿੰਘ ਸਲੂਜਾ, ਕਰਨੈਲ ਸਿੰਘ ਬੇਦੀ, ਪ੍ਰਿਤਪਾਲ ਸਿੰਘ, ਮਨਜੀਤ ਸਿੰਘ ਟੋਨੀ, ਸੁਰਿੰਦਰਪਾਲ ਸਿੰਘ ਭੁਟੀਆਨੀ, ਬਲਬੀਰ ਸਿੰਘ ਭਾਟੀਆ, ਰਜਿੰਦਰ ਸਿੰਘ ਮੱਕੜ, ਭੁਪਿੰਦਰਪਾਲ ਸਿੰਘ ਧਵਨ, ਬਲਜੀਤ ਸਿੰਘ ਦੂਆ, ਮਹਿੰਦਰ ਸਿੰਘ ਡੰਗ, ਅੱਤਰ ਸਿੰਘ ਮੱਕੜ, ਰਜਿੰਦਰ ਸਿੰਘ ਡੰਗ, ਬਾਬਾ ਅਜੀਤ ਸਿੰਘ, ਗਿਆਨੀ ਜਸਵਿੰਦਰ ਸਿੰਘ, ਹਰਮੀਤ ਸਿੰਘ ਡੰਗ, ਜੀਤ ਸਿੰਘ, ਗੁਰਵਿੰਦਰ ਸਿੰਘ ਆੜਤੀ, ਸਰਪੰਚ ਗੁਰਚਰਨ ਸਿੰਘ ਖੁਰਾਣਾ, ਸੁਰਿੰਦਰ ਸਿੰਘ ਸਚਦੇਵਾ, ਇੰਦਰਪਾਲ ਸਿੰਘ ਕਾਲੜਾ, ਕਮਲਦੀਪ ਸਿੰਘ ਕਾਲੜਾ, ਹਰਕੀਰਤ ਸਿੰਘ ਬਾਵਾ, ਜਸਪਾਲ ਸਿੰਘ ਪਿੰਕੀ, ਮਨਮੋਹਨ ਸਿੰਘ, ਗੁਰਪ੍ਰੀਤ ਸਿੰਘ ਪ੍ਰਿੰਸ, ਸੁਖਪ੍ਰੀਤ ਸਿੰਘ ਮਨੀ, ਬਾਦਸ਼ਾਹ ਦੀਪ ਸਿੰਘ, ਕਰਨਦੀਪ ਸਿੰਘ, ਬਲ ਫਤਹਿ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਮਾਡਲ ਟਾਊਨ ਐਕਸਟੈਨਸ਼ਨ ਵਿਖੇ ਕਰਵਾਏ ਸਮਾਗਮ ਦੌਰਾਨ ਰਾਗੀ ਸਿੰਘਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕਰਨ ਸਮੇਂ ਬਾਬਾ ਅਜੀਤ ਸਿੰਘ ਅਤੇ ਹੋਰ। ਤਸਵੀਰ : ਸੇਵਕ ਸਿੰਘ

ਸਰੋਤਿਆਂ ਦੇ ਸਨਮੁੱਖ ਗੀਤ ਪੇਸ਼ ਕਰਦੇ ਹੋਏ ਅਦਾਕਾਰ ਕਰਮਜੀਤ ਅਨਮੋਲ (ਸੱਜੇ) ਕਾਲਜ ਆਫ ਵੈਟਰਨਰੀ ਸਾਇੰਸ ਲੁਧਿਆਣਾ ਨੂੰ ਓਵਰ ਆਲ ਚੈਂਪੀਅਨ ਦੀ ਟਰਾਫ਼ੀ ਦਿੰਦੇ ਹੋਏ ਉਪ ਕੁਲਪਤੀ ਡਾ. ਜਤਿੰਦਰ ਪਾਲ ਸਿੰਘ ਗਿੱਲ, ਡੀਨ ਡਾ. ਐਸ. ਕੇ. ਉਪਲ, ਡਾ. ਏ. ਕੇ. ਅਰੋੜਾ, ਡਾ. ਐਸ. ਪੀ. ਐਸ. ਘੁੰਮਣ, ਡਾ. ਪੀ. ਐਸ. ਬਰਾੜ ਤੇ ਹੋਰ। ਅਜੀਤ ਤਸਵੀਰਾਂ

ਫਿਰ ਮਿਲਣ ਦੇ ਵਾਅਦੇ ਨਾਲ ਸੰਪੂਰਨ ਹੋਇਆ ਵੈਟਰਨਰੀ ਯੂਨੀਵਰਸਿਟੀ ਦਾ ਤੇਰ੍ਹਵਾਂ ਯੁਵਕ ਮੇਲਾ

ਕਾਲਜ ਆਫ ਵੈਟਰਨਰੀ ਸਾਇੰਸ ਲੁਧਿਆਣਾ ਨੇ ਜਿੱਤੀ ਓਵਰ ਆਲ ਟਰਾਫ਼ੀ

ਲੁਧਿਆਣਾ, 8 ਦਸੰਬਰ (ਜਸਵਿੰਦਰ ਸਿੰਘ)-ਗੁਰੂ ਅੰਗਦ ਦੇਵ ਵੈਟਰਨਰੀ ਤੇ ਐਨੀਮਲ ਸਾਇੰਸਜ਼ ਯੂਨੀਵਰਸਿਟੀ ਲੁਧਿਆਣਾ ਦਾ ਹਫ਼ਤਾ ਭਰ ਚੱਲਿਆ ਅੰਤਰ-ਕਾਲਜ ਯੁਵਕ ਮੇਲਾ ਧੂਮਧਾਮ ਨਾਲ ਸਮਾਪਤ ਹੋਇਆ। ਯੁਵਕ ਮੇਲੇ ਦੀ ਓਵਰ ਆਲ ਟਰਾਫ਼ੀ ਕਾਲਜ ਆਫ ਵੈਟਰਨਰੀ ਸਾਇੰਸ ਲੁਧਿਆਣਾ ਨੇ ਜਿੱਤੀ ਅਤੇ ਰਨਰਅੱਪ ਟਰਾਫ਼ੀ ਕਾਲਜ ਆਫ ਵੈਟਰਨਰੀ ਸਾਇੰਸ ਰਾਮਪੁਰਾ ਫੂਲ ਦੇ ਨਾਂਅ ਰਹੀ। ਹਰਪਾਲ ਸਿੰਘ ਚੀਮਾ, ਵਿੱਤ ਮੰਤਰੀ, ਕੈਬਨਿਟ ਮੰਤਰੀ, ਪੰਜਾਬ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ। ਉਨ੍ਹਾਂ ਯੂਨੀਵਰਸਿਟੀ ਦੇ ਬੁਨਿਆਦੀ ਢਾਂਚੇ ਨੂੰ ਵਿਕਸਿਤ ਕਰਨ ਲਈ ਯੂਨੀਵਰਸਿਟੀ ਅਧਿਕਾਰੀਆਂ ਨੂੰ ਪੂਰੀ ਵਿੱਤੀ ਸਹਾਇਤਾ ਦੇਣ ਦਾ ਭਰੋਸਾ ਦਿੱਤਾ। ਗੁਰਪ੍ਰੀਤ ਗੋਗੀ ਵਿਧਾਇਕ, ਜੱਸੀ ਸੋਖੋਂ ਸੀਨੀਅਰ ਆਗੂ ਤੇ ਡਾ. ਸਤਿਬੀਰ ਸਿੰਘ ਗੋਸਲ ਉਪ-ਕੁਲਪਤੀ, ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਿਲ ਹੋਏ। ਸਮਾਗਮ ਦੌਰਾਨ ਹਰਪਾਲ ਸਿੰਘ ਚੀਮਾ ਤੇ ਸਮੂਹ ਪਤਵੰਤਿਆਂ ਅਤੇ ਡਾ. ਏ. ਪੀ. ਐਸ. ਬਰਾੜ ਨੂੰ ਯੂਨੀਵਰਸਿਟੀ ਵਿਚ ਆਪਣੀ ਸੇਵਾ ਦੌਰਾਨ ਵਿਦਿਆਰਥੀਆਂ ਸੰਬੰਧੀ ਗਤੀਵਿਧੀਆਂ 'ਚ ਪਾਏ ਯੋਗਦਾਨ ਲਈ ਸਨਮਾਨਿਤ ਕੀਤਾ। ਡਾ. ਜਤਿੰਦਰ ਪਾਲ ਸਿੰਘ ਗਿੱਲ, ਉਪ-ਕੁਲਪਤੀ ਨੇ ਕਿਹਾ ਕਿ ਯੁਵਕ ਮੇਲਾ ਵਿਦਿਆਰਥੀਆਂ ਦੀ ਸਮੁੱਚੀ ਸ਼ਖ਼ਸੀਅਤ ਨੂੰ ਉੱਚਾ ਚੁੱਕਣ ਵਿਚ ਅਹਿਮ ਭੂਮਿਕਾ ਨਿਭਾਉਂਦਾ ਹੈ। ਡਾ. ਪ੍ਰਕਾਸ਼ ਸਿੰਘ ਬਰਾੜ, ਨਿਰਦੇਸ਼ਕ ਵਿਦਿਆਰਥੀ ਭਲਾਈ ਨੇ ਸਟਾਫ਼ ਤੇ ਵਿਦਿਆਰਥੀਆਂ ਦੇ ਭਰਪੂਰ ਸਹਿਯੋਗ ਦੀ ਵੀ ਸ਼ਲਾਘਾ ਕੀਤੀ। ਡਾ. ਏ. ਪੀ. ਐਸ. ਬਰਾੜ ਪ੍ਰਬੰਧਕੀ ਸਕੱਤਰ ਨੇ ਦੱਸਿਆ ਕਿ 200 ਤੋਂ ਵੱਧ ਵਿਦਿਆਰਥੀਆਂ ਦੀ ਸਰਗਰਮ ਭਾਗੀਦਾਰੀ ਨਾਲ ਕਈ ਮੁਕਾਬਲੇ ਕਰਵਾਏ ਗਏ। ਪ੍ਰਸਿੱਧ ਪੰਜਾਬੀ ਲੋਕ ਗਾਇਕ ਤੇ ਅਦਾਕਾਰ ਕਰਮਜੀਤ ਅਨਮੋਲ ਨੇ ਆਪਣੀ ਸੁਰੀਲੀ ਆਵਾਜ਼ ਨਾਲ ਸਰੋਤਿਆਂ ਦਾ ਮਨ ਮੋਹ ਲਿਆ। ਇਨਾਮ ਵੰਡ ਸਮਾਰੋਹ ਦੌਰਾਨ ਹਰਪਾਲ ਸਿੰਘ ਚੀਮਾ, ਡਾ. ਜਤਿੰਦਰ ਪਾਲ ਸਿੰਘ ਗਿੱਲ ਤੇ ਹੋਰ ਪਤਵੰਤਿਆਂ ਨੇ ਜੇਤੂਆਂ ਨੂੰ ਇਨਾਮ ਵੰਡੇ। ਉੱਘੇ ਪੰਜਾਬੀ ਅਭਿਨੇਤਾ ਤੇ ਕਬੱਡੀ ਕੁਮੈਂਟੇਟਰ ਡਾ. ਦਰਸ਼ਨ ਬੜੀ ਦੇ ਨਾਂਅ 'ਤੇ ਸਰਬੋਤਮ ਅਦਾਕਾਰ ਲੜਕੇ ਅਤੇ ਲੜਕੀ ਨੂੰ ਸੋਨ ਤਗਮੇ ਅਤੇ ਨਕਦ ਇਨਾਮ ਨਾਲ ਸਨਮਾਨਿਤ ਕੀਤਾ ਗਿਆ। ਡਾ. ਨਿਧੀ ਸ਼ਰਮਾ, ਸੰਯੁਕਤ ਪ੍ਰਬੰਧਕੀ ਸਕੱਤਰ ਨੇ ਅੱਜ ਹੋਏ ਮੁਕਾਬਲਿਆਂ ਦੇ ਨਤੀਜਿਆਂ ਬਾਰੇ ਦੱਸਿਆ।

ਜ਼ਿਲ੍ਹਾ ਕਾਂਗਰਸ ਸ਼ਹਿਰੀ ਦੇ ਦਫ਼ਤਰ ਵਿਖੇ ਹੋਈ ਮੀਟਿੰਗ ਦੌਰਾਨ ਸਕਰੀਨਿੰਗ ਕਮੇਟੀ ਦੇ ਮੈਂਬਰ ਤੇ ਹੋਰ। ਅਜੀਤ ਤਸਵੀਰ

ਅੱਜ ਕਾਂਗਰਸ ਕਰੇਗੀ ਨਿਗਮ ਚੋਣਾਂ ਦੇ ਉਮੀਦਵਾਰਾਂ ਦੀ ਪਹਿਲੀ ਸੂਚੀ ਜਾਰੀ

ਲੁਧਿਆਣਾ, 8 ਦਸੰਬਰ (ਜਤਿੰਦਰ ਭੰਬੀ)-ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੇ ਦਿਸ਼ਾ ਨਿਰਦੇਸ਼ ਅਨੁਸਾਰ ਨਗਰ ਨਿਗਮ ਚੋਣਾਂ ਦੇ ਉਮੀਦਵਾਰਾਂ ਦੀ ਸੂਚੀ ਤੈਅ ਕਰਨ ਲਈ ਬਣਾਈ ਗਈ ਸਕਰੀਨਿੰਗ ਕਮੇਟੀ ਦੀ ਮੀਟਿੰਗ ਜ਼ਿਲ੍ਹਾ ਕਾਂਗਰਸ ਸ਼ਹਿਰੀ ਦੇ ਦਫ਼ਤਰ ਵਿਖੇ ਹੋਈ, ਜਿਸ 'ਚ ਚੇਅਰਮੈਨ ਰਾਣਾ ਕੇ. ਪੀ. ਸਿੰਘ, ਹਰਦਿਆਲ ਸਿੰਘ ਕੰਬੋਜ, ਤਰਲੋਚਨ ਸਿੰਘ, ਗੁਰਸ਼ਰਨ ਕੌਰ ਰੰਧਾਵਾ ਤੇ ਲੁਧਿਆਣਾ ਸ਼ਹਿਰ ਦੇ ਹਲਕਾ ਇੰਚਾਰਜ ਸ਼ਾਮਿਲ ਹੋਏ। ਇਸ ਮੌਕੇ ਰਾਣਾ ਰਣਦੀਪ ਸਿੰਘ ਨਾਭਾ ਗੈਰ ਹਾਜ਼ਰ ਰਹੇ। ਕਾਂਗਰਸ ਪਾਰਟੀ ਵਲੋਂ ਨਗਰ ਨਿਗਮ ਦੀ ਚੋਣ ਲੜਨ ਵਾਲੇ ਲਗਭਗ 250 ਇੱਛੁਕ ਉਮੀਦਵਾਰ ਇੰਟਰਵਿਊ 'ਚ ਸ਼ਾਮਿਲ ਹੋਏ। ਇਸ ਮੌਕੇ ਜਿਥੇ ਮੌਜੂਦਾ ਕੌਂਸਲਰਾਂ ਨੂੰ ਟਿਕਟ ਦੇਣ ਦਾ ਮੁੱਦਾ ਭਾਰੂ ਰਿਹਾ, ਉਥੇ ਹੀ ਪ੍ਰਾਪਤ ਵੇਰਵਿਆਂ ਅਨੁਸਾਰ ਜਿਹੜੇ ਵਾਰਡ 'ਚੋਂ ਇਕ ਤੋਂ ਵੱਧ ਇੱਛੁਕ ਉਮੀਦਵਾਰਾਂ ਨੇ ਅਪਲਾਈ ਨਹੀਂ ਕੀਤਾ ਗਿਆ ਸੀ, ਲਗਪਗ ਉਨ੍ਹਾਂ ਦੇ ਨਾਂਅ 'ਤੇ ਮੋਹਰ ਲਗਾ ਦਿੱਤੀ ਗਈ ਹੈ। ਉਨ੍ਹਾਂ ਵਾਰਡਾਂ ਦੇ ਉਮੀਦਵਾਰਾਂ ਦੀ ਸੂਚੀ ਜਾਰੀ ਕਰਨ ਸੰਬੰਧੀ ਜ਼ਿਲ੍ਹਾ ਪ੍ਰਧਾਨ ਨੇ ਜਾਣਕਾਰੀ ਸਾਂਝੀ ਕਰਦੇ ਹੋਏ ਕਿਹਾ ਕਿ ਅੱਜ ਲਗਪਗ 60 ਤੋਂ ਵਧੇਰੇ ਉਮੀਦਵਾਰਾਂ ਦੀ ਸੂਚੀ ਜਾਰੀ ਕਰ ਦਿੱਤੀ ਜਾਵੇਗੀ।

ਨਿਗਮ ਚੋਣਾਂ 'ਚ ਲੋਕ 'ਆਪ' ਖ਼ਿਲਾਫ਼ ਤੇ ਕਾਂਗਰਸ ਦੇ ਪੱਖ 'ਚ ਵੋਟ ਕਰਨਗੇ-ਪਾਲਾ ਢੰਡਾਰੀ

ਢੰਡਾਰੀ ਕਲਾਂ, 8 ਦਸੰਬਰ (ਪਰਮਜੀਤ ਸਿੰਘ ਮਠਾੜੂ)-ਹਲਕਾ ਦੱਖਣੀ 'ਚ ਐਸ. ਸੀ. ਡਿਪਾਰਟਮੈਂਟ ਕਾਂਗਰਸ ਦੇ ਪ੍ਰਮੁੱਖ ਨੇਤਾ ਤੇ ਐਸ. ਸੀ. ਭਾਈਚਾਰੇ ਦੇ ਮੋਢੀ ਗੁਰ ਕਿਰਪਾਲ ਸਿੰਘ ਪਾਲਾ ਢੰਡਾਰੀ ਨੇ ਦੱਸਿਆ ਕਿ ਸੂਤਰਾਂ ਮੁਤਾਬਿਕ ਕੁੱਝ ਹੀ ਦਿਨਾਂ ਵਿਚ ਨਗਰ ਨਿਗਮ ਚੋਣਾਂ ਵਾਸਤੇ ਨੋਟੀਫ਼ਿਕੇਸ਼ਨ ਜਾਰੀ ਹੋਣ ਵਾਲਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਆਮ ਆਦਮੀ ਪਾਰਟੀ ਦੀਆਂ ਲੋਕ ਵਿਰੋਧੀ ਨੀਤੀਆਂ ਤੋਂ ਤੰਗ ਆ ਚੁੱਕੇ ਹਨ ਅਤੇ ਨਗਰ ਨਿਗਮ ਚੋਣਾਂ 'ਚ ਇਸ ਪਾਰਟੀ ਦੇ ਉਮੀਦਵਾਰਾਂ ਨੂੰ ਮੂੰਹ ਨਹੀਂ ਲਗਾਉਣਗੇ। ਤਿੰਨ ਸਾਲ ਬੀਤ ਜਾਣ ਤੋਂ ਬਾਅਦ ਵੀ 'ਆਪ' ਨੇ ਮਹਿਲਾਵਾਂ ਨੂੰ 1000 ਰੁਪਏ ਪ੍ਰਤੀ ਮਹੀਨਾ ਦੇਣ ਦਾ ਵਾਅਦਾ ਅਜੇ ਤੱਕ ਨਹੀਂ ਪੂਰਾ ਕੀਤਾ। ਬਹੁਤ ਸਾਰੇ ਐਲਾਨ ਵੀ ਫੋਕੇ ਹੀ ਸਾਬਤ ਹੋ ਰਹੇ ਹਨ। ਵਿਕਾਸ ਦੇ ਕੰਮ ਰੁਕੇ ਪਏ ਹਨ ਅਤੇ ਕਾਨੂੰਨ ਵਿਵਸਥਾ ਦਾ ਦੀਵਾਲਾ ਨਿਕਲ ਚੁੱਕਿਆ ਹੈ। ਪਾਲਾ ਢੰਡਾਰੀ ਨੇ ਕਿਹਾ ਕਿ ਵਾਰਡ ਨੰਬਰ 32 ਢੰਡਾਰੀ ਕਲਾਂ 'ਚ ਕਾਂਗਰਸ ਬਹੁਤ ਮਜ਼ਬੂਤ ਸਥਿਤੀ ਵਿਚ ਹੈ। ਨਿਗਮ ਚੋਣ